**ਪੰਜਾਬ ਸਕੂਲ ਸਿੱਖਿਆ ਬੋਰਡ**

**ਸਰਕੂਲਰ (Circular)**

ਡਿਸਪੈਚ ਨੰ. 2043/AP

ਮਿਤੀ 26/5/25

1.ਸਮੂਹ ਸਰਕਾਰੀ/ਅਰਧ ਸਰਕਾਰੀ/ਏਡਿਡ/ਐਫੀਲਿਏਟਿਡ/ਐਸੋਸੀਏਟਿਡ ਮਾਨਤਾ ਪ੍ਰਾਪਤ ਸਕੂਲ ਮੁੱਖੀ ਅਤੇ ਸਬੰਧਤ ਵਿਦਿਆਰਥੀ।

2.ਜਿਲ੍ਹਾਂ ਮੈਨੇਜਰ, ਖੇਤਰੀ ਦਫਤਰ (ਪਸਸਬ)

3.ਜਿਲ੍ਹਾਂ ਸਿੱਖਿਆ ਅਫਸਰ

**ਵਿਸ਼ਾ- ਅਕਾਦਮਿਕ ਸਾਲ 2025-26 ਲਈ ਬੋਰਡ ਨਾਲ ਸਰਕਾਰੀ/ਅਰਧ ਸਰਕਾਰੀ/ਏਡਿਡ/ਐਫੀਲਿਏਟਿਡ/ਐਸੋਸੀਏਟਿਡ ਸਕੂਲਾਂ ਵੱਲੋਂ ਸਕੂਲ ਪੱਧਰ ਤੇ ਲਏ ਜਾਂਦੇ ਅੱਠਵੀਂ,ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਦੇ Bimonthly Class Tests ਅਤੇ ਟਰਮ ਪ੍ਰੀਖਿਆ, ਪ੍ਰੀ-ਬੋਰਡ ਪ੍ਰੀਖਿਆਵਾਂ ਵਿੱਚ ਪ੍ਰਾਪਤ ਅੰਕਾਂ ਨੂੰ ਬੋਰਡ ਪ੍ਰੀਖਿਆਵਾਂ ਵਿੱਚ ਅਹਿਮੀਅਤ ਦੇਣ ਸਬੰਧੀ :-**

1 (i) ਹਰੇਕ ਸਕੂਲ ਵੱਲੋਂ ਪੂਰੇ ਅਕਾਦਮਿਕ ਸੈਸ਼ਨ ਦੌਰਾਨ ਘੱਟੋ-ਘੱਟ ਦੋ Bimonthly Class Tests (ਆਨ ਲਾਈਨ/ ਆਫ ਲਾਈਨ) ਲਏ ਜਾਣਗੇ।

(ii) ਅੱਠਵੀਂ,ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਲਈ ਪ੍ਰੀ-ਬੋਰਡ ਪ੍ਰੀਖਿਆਵਾਂ ਸਕੂਲਾਂ ਵੱਲੋਂ ਅਕਾਦਮਿਕ ਸਾਲ 2025-26 ਦੌਰਾਨ 31 ਜਨਵਰੀ 2026 ਤੱਕ ਆਪਣੀ ਸੁਵਿਧਾ ਅਨੁਸਾਰ ਸੰਚਾਲਿਤ ਕੀਤੀਆਂ ਜਾਣ ਅਤੇ ਇਹਨਾਂ ਪ੍ਰੀਖਿਆਵਾਂ ਵਿੱਚ ਵਿਦਿਆਰਥੀ ਵੱਲੋਂ ਵਿਸ਼ਾਵਰ ਪ੍ਰਾਪਤ ਅੰਕਾਂ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਪੋਰਟਲ ਤੇ 25 ਫਰਵਰੀ ਤੱਕ ਸਕੂਲਾਂ ਵੱਲੋਂ ਅਪਲੋਡ ਕੀਤਾ ਜਾਵੇਗਾ।

(iii) Bimonthly Class Tests ਅਤੇ ਪ੍ਰੀ- ਬੋਰਡ ਪ੍ਰੀਖਿਆ ਦੇ ਨਾਲ-ਨਾਲ ਸਤੰਬਰ ਮਹੀਨੇ ਵਿੱਚ ਇੱਕ ਟਰਮ ਪ੍ਰੀਖਿਆ ਵੀ ਸਕੂਲਾਂ ਵੱਲੋਂ ਲਈ ਜਾਵੇਗੀ।

2. ਉਪਰੋਕਤ ਲੜੀ ਨੰ. 1(i) ਤੋਂ 1(iii) ਅਨੁਸਾਰ ਲਏ ਗਏ ਫੈਸਲੇ ਦੀ ਲੋਅ ਵਿੱਚ Bimonthly Class Tests ਟਰਮ ਪ੍ਰੀਖਿਆ ਅਤੇ ਪ੍ਰੀ-ਬੋਰਡ ਪ੍ਰੀਖਿਆ ਲੈਣ ਦਾ ਸਮਾਂ (ਸ਼ਡਿਊਲ) ਹੇਠ ਅਨੁਸਾਰ ਦਰਜ ਹੈ:-

Bimonthly Class Tests (ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਲਈ)

i) a) Bimonthly Tests1- ਜੁਲਾਈ 15 ਤੱਕ

b) Bimonthly Tests 2- ਨਵੰਬਰ ਦੇ ਅਖਰੀਲੇ ਹਫਤੇ ਤੋ ਦਸੰਬਰ ਦੇ ਪਹਿਲੇ ਹਫਤੇ ਦਰਮਿਆਨ

(ii) ਟਰਮ ਪ੍ਰੀਖਿਆ- ਸਤੰਬਰ ਮਹੀਨੇ ਦਰਮਿਆਨ

iii) ਪ੍ਰੀ-ਬੋਰਡ ਪ੍ਰੀਖਿਆਵਾਂ –ਜਨਵਰੀ 31 ਤੱਕ ( ਸਕੂਲ ਦੀ ਸੁਵਿਧਾ ਅਨੁਸਾਰ)

3.ਅੱਠਵੀਂ.ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀ ਲਈ ਟਰਮ ਪ੍ਰੀਖਿਆ ਦੇ ਅੰਕ ਅਤੇ ਪ੍ਰੀ-ਬੋਰਡ ਪ੍ਰੀਖਿਆਵਾਂ ਦੇ ਵਿਸ਼ਾਵਾਰ ਅੰਕ ਸਕੂਲਾਂ ਵੱਲੋਂ ਹਰੇਕ ਸਾਲ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਪੋਰਟਲ ਤੇ 25 ਫਰਵਰੀ ਤੱਕ ਅਪਲੋਡ ਕੀਤੇ ਜਾਣ।

4. ਵੱਖ-ਵੱਖ ਵਿਸ਼ਿਆਂ ਲਈ ਪ੍ਰੀ-ਬੋਰਡ/ਟਰਮ ਪ੍ਰੀਖਿਆਵਾਂ, ਬੋਰਡ ਵੱਲੋਂ ਦਿੱਤੇ ਗਏ ਨਮੂਨਾ ਪ੍ਰਸ਼ਨ-ਪੱਤਰ ਅਤੇ ਨਿਰਧਾਰਿਤ ਪੂਰੇ ਅੰਕਾਂ ਅਨੁਸਾਰ ਹੀ ਲਈਆਂ ਜਾਣ।

Scanned with OKEN Scanner

5. ਸਕੂਲਾਂ ਵੱਲੋਂ ਲਏ ਗਏ ਦੋ Bimonthly Test, ਟਰਮ ਪ੍ਰੀਖਿਆ ਅਤੇ ਪ੍ਰੀ-ਬੋਰਡ ਦੇ ਵਿਸ਼ਾਵਾਰ ਅੰਕਾਂ ਦਾ ਰਿਕਾਰਡ ਨਤੀਜਾ ਘੋਸ਼ਿਤ ਹੋਣ ਤੋਂ ਬਾਅਦ 3 ਸਾਲ ਤੱਕ ਰੱਖਣਾ ਜ਼ਰੂਰੀ ਹੋਵੇਗਾ। ਇਸ ਰਿਕਾਰਡ ਨੂੰ ਬੋਰਡ ਵੱਲੋਂ ਕਿਸੇ ਸਮੇਂ ਵੀ ਵੈਰੀਫਾਈ ਕੀਤਾ ਜਾ ਸਕਦਾ ਹੈ।

6 i) ਓਪਨ ਸਕੂਲ ਪ੍ਰਣਾਲੀ ਅਧੀਨ ਦਾਖਲ ਹੋਏ ਵਿਦਿਆਰਥੀਆਂ ਲਈ ਪ੍ਰੀ-ਬੋਰਡ ਪ੍ਰੀਖਿਆ ਦੇਣੀ ਲਾਜ਼ਮੀ ਹੋਵੇਗੀ ਜੋ ਕਿ ਅਧਿਐਨ ਕੇਂਦਰ ਵੱਲੋਂ ਦੂਜੇ ਵਿਅਕਤੀਗਤ ਪ੍ਰੋਗਰਾਮ ਦੌਰਾਨ (ਪੀ.ਸੀ.ਪੀ) ਲਈ ਜਾਵੇਗੀ ਅਤੇ ਵਿਦਿਆਰਥੀ ਵੱਲੋਂ ਪ੍ਰਾਪਤ ਅੰਕ ਬੋਰਡ ਨੂੰ ਭੇਜੇ ਜਾਣਗੇ।

ii) ਅਧਿਐਨ ਕੇਂਦਰ ਵੱਲੋਂ ਸੰਚਾਲਿਤ ਕੀਤੇ ਜਾਂਦੇ ਦੋ ਪੀ.ਸੀ.ਪੀ ਦੌਰਾਨ ਵਿਦਿਆਰਥੀਆਂ ਦੇ ਦੋ ਮੁਲਾਂਕਣ ਟੈਸਟ ਵੀ ਕੰਡਕਟ ਕੀਤੇ ਜਾਣਗੇ ਅਤੇ ਵਿਦਿਆਰਥੀਆਂ ਵੱਲੋਂ ਪ੍ਰਾਪਤ ਅੰਕ ਬੋਰਡ ਨੂੰ ਭੇਜੇ ਜਾਣਗੇ।

7. ਸਕੂਲਾਂ ਵੱਲੋਂ ਲਏ ਟਰਮ ਪ੍ਰੀਖਿਆ ਤੇ ਪ੍ਰੀ-ਬੋਰਡ ਪ੍ਰੀਖਿਆਵਾਂ ਵਿੱਚ ਪ੍ਰਾਪਤ ਅੰਕਾਂ ਨੂੰ ਵਿਦਿਆਰਥੀਆਂ ਦੇ ਬੋਰਡ ਦੀ ਪ੍ਰੀਖਿਆ ਦੇ ਨਤੀਜੇ ਵਿੱਚ ਅਹਿਮੀਅਤ ਦੇਣ ਲਈ ਇਹਨਾਂ ਅੰਕਾਂ ਨੂੰ ਅਕਾਦਮਿਕ ਸਾਲ 2025-26 ਲਈ ਅੱਠਵੀਂ ਸ਼੍ਰੇਣੀਆਂ ਲਈ ਹਰੇਕ ਵਿਸ਼ੇ ਲਈ ਨਿਰਧਾਰਿਤ ਸੀ.ਸੀ.ਈ ਅਤੇ ਦਸਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਲਈ ਹਰੇਕ ਵਿਸ਼ੇ ਲਈ ਨਿਰਧਾਰਿਤ ਆਈ.ਐਨ.ਏ ਦੇ ਅੰਕਾਂ ਅਧੀਨ ਸ਼ਾਮਿਲ ਕਰਦੇ ਹੋਏ ਮੁਕੰਮਲ ਸੀ.ਸੀ.ਈ/ਆਈ.ਐਨ.ਏ ਦਾ ਮੌਡਿਊਲ ਖੇਤਰ ਵਿੱਚ ਪ੍ਰੀ-ਬੋਰਡ ਪ੍ਰੀਖਿਆ ਲੈਣ ਲਈ ਸਬੰਧੀ ਜਾਰੀਸ਼ੁਦਾ ਪੱਤਰ ਦੇ ਨਾਲ ਹੀ ਭੇਜਿਆ ਜਾਵੇਗਾ।

26.05.25

ਉਪ ਸਕੱਤਰ (ਅਕਾਦਮਿਕ)
ਪੰਜਾਬ ਸਕੂਲ ਸਿੱਖਿਆ ਬੋਰਡ

Scanned with OKEN Scanner